**ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ, ਐਸ.ਏ.ਐਸ.ਨਗਰ**
**ਪੰਜਵੀਂ ਮੰਜ਼ਿਲ, ਈ ਬਲਾਕ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਫੇਜ਼8, ਐਸ.ਏ.ਐਸ.ਨਗਰ**
**(ਵਜੀਫਾ ਸ਼ਾਖਾ)**

ਵੱਲ

ਸਮੂਹ ਜਿਲਾ ਸਿੱਖਿਆ ਅਫਸਰ (ਸੈ.ਸਿ.)
ਸਮੂਹ ਸਰਕਾਰੀ/ਪ੍ਰਾਈਵੇਟ ਸਕੂਲਾਂ ਦੇ ਮੁਖੀ।

ਮੀਮੋ ਨੰ. 13/1-2019 ਵਜੀਫਾ (2)/2023233509
ਮਿਤੀ- 21-08-2023

ਵਿਸ਼ਾ- **ਬੋਰਡ ਦੇ ਪੰਜੀਕ੍ਰਿਤ ਉਸਾਰੀ ਕਿਰਤੀਆਂ ਦੇ ਬੱਚਿਆਂ ਨੂੰ ਕਲਾਸ ਪਾਸ ਹੋਣ ਤੇ ਸਰਟੀਫਿਕੇਟ ਮੁਹੱਈਆਂ ਕਰਵਾਉਣ ਸਬੰਧੀ।**

ਹਵਾਲਾ:- **ਦਫਤਰ ਮੁੱਖ ਮੰਤਰੀ, ਪੰਜਾਬ (ਜਨਰਲ ਸ਼ਾਖਾ) ਦੇ ਪੱਤਰ ਨੰ.CMO-GEN/Gen-Dak/3/2023/GA-3/2459297 ਮਿਤੀ 23-07-2023 ਅਤੇ ਇਸ ਦਫਤਰ ਦੇ ਪੱਤਰ ਨੰ. 13/1-2019 ਵਜੀਫਾ (2)/2021377205 ਸਬੰਧੀ।**

1.0 ਬੋਰਡ ਦੇ ਪੰਜੀਕ੍ਰਿਤ ਉਸਾਰੀ ਕਿਰਤੀਆਂ ਦੇ ਬੱਚਿਆਂ ਨੂੰ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਵੱਲੋਂ ਵਜੀਫੇ ਦਾ ਲਾਭ ਦਿੱਤਾ ਜਾਂਦਾ ਹੈ। ਇਸ ਸਕੀਮ ਅਧੀਨ ਲਾਭਪਾਤਰੀ ਬੱਚਿਆਂ ਦੇ ਮਾਪੇ ਹੁੰਦੇ ਹਨ ਅਤੇ ਇਸ ਸਕੀਮ ਅਧੀਨ ਲਾਭ ਲੈਣ ਵਾਲਾ ਵਿਦਿਆਰਥੀ ਹੋਰ ਸਕੀਮ ਅਧੀਨ ਵੀ ਲਾਭ ਪ੍ਰਾਪਤ ਕਰ ਸਕਦਾ ਹੈ।

2.0 ਇਸ ਸਕੀਮ ਅਧੀਨ ਵਿਦਿਆਰਥੀਆਂ ਨੂੰ ਪਿਛਲੀ ਕਲਾਸ ਦਾ ਸਰਟੀਫਿਕੇਟ ਅਤੇ **Current** ਸ਼ੈਸਨ ਵਿੱਚ ਪੜ੍ਹਾਈ ਜਾਰੀ ਕਰਨ ਦਾ ਸਰਟੀਫਿਕੇਟ ਸਕੂਲ ਮੁਖੀ ਤੋਂ ਪ੍ਰਾਪਤ ਕਰਕੇ ਵਜੀਫੇ ਲਈ ਅਪਲਾਈ ਕਰਨਾ ਹੁੰਦਾ ਹੈ।

3.0 ਮੁੱਖ ਦਫ਼ਤਰ ਦੇ ਧਿਆਨ ਵਿੱਚ ਆਇਆ ਹੈ ਕਿ ਪੰਜੀਕ੍ਰਿਤ ਉਸਾਰੀ ਕਿਰਤੀਆਂ ਦੇ ਬੱਚਿਆਂ ਨੂੰ ਸਰਕਾਰੀ/ਪ੍ਰਾਈਵੇਟ ਸੰਸਥਾਵਾਂ ਵੱਲੋਂ ਉਕਤ ਸਰਟੀਫਿਕੇਟ ਦੇਣ ਵਿੱਚ ਸਹਿਯੋਗ ਨਹੀਂ ਦਿੱਤਾ ਜਾ ਰਿਹਾ ਹੈ।

4.0 ਇਸ ਲਈ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸਰਕਾਰੀ/ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਵਿਸ਼ਾ ਅੰਕਿਤ ਸਕੀਮ ਅਧੀਨ ਅਪਲਾਈ ਕਰਨ ਵਿੱਚ ਪੂਰਨ ਸਹਿਯੋਗ ਦਿੱਤਾ ਜਾਵੇ **ਯੋਗ ਲਾਭਪਾਤਰੀਆ ਦੇ ਸਮੇਂ ਸਿਰ ਸਰਟੀਫਿਕੇਟ ਦਿਤੇ ਜਾਣ** ਤਾਂ ਜੋ ਵਿਦਿਆਰਥੀਆਂ ਵੱਲੋਂ ਵੱਧ ਤੋਂ ਵੱਧ ਵਜੀਫੇ ਦਾ ਲਾਭ ਪ੍ਰਾਪਤ ਕੀਤਾ ਜਾ ਸਕੇ।

5.0 ਸਮੂਹ ਜਿਲਾ ਸਿੱਖਿਆ ਅਫਸਰ (ਸੈ.ਸਿ.) ਉਕਤ ਹੁਕਮਾਂ ਦੀ ਇੰਨ-ਬਿੰਨ ਪਾਲਣਾ ਕਰਵਾਉਣੀ ਯਕੀਨੀ ਬਣਾਉਣ।

21.8.2023

**ਸਹਾਇਕ ਡਾਇਰੈਕਟਰ (ਵਜੀਫਾ)**

Scanned with CamScanner